**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 28-03-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਏ ਕਿ ਸੂਬੇ ਵਿੱਚ ਲਾਕਡਾਊਨ ਦੀ ਕੋਈ ਸੰਭਾਵਨਾ ਨਹੀਂ ਏ. ਤੇਲ ਅਤੇ ਗੈਸ ਦੇ ਢੁਕਵੇਂ ਭੰਡਾਰ ਮੌਜੂਦ .
- ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਉਘੇ ਕਾਂਗਰਸੀ ਨੇਤਾ ਸ਼੍ਰੀ ਲਾਲ ਸਿੰਘ ਦਾ ਦੇਹਾਂਤ ਹੋ ਗਿਆ ਏ ।
- ਰਾਸ਼ਟਰੀ ਸਿਹਤ ਮਿਸ਼ਨ ਪੰਜਾਬ ਤੇ ਇੱਕ ਅੰਤਰਰਾਸ਼ਟਰੀ ਗੈਰ-ਸਰਕਾਰੀ ਸੰਸਥਾ ਦਰਮਿਆਨ ਜੱਚਾ-ਬੱਚਾ ਦੇਖਭਾਲ ਖੇਤਰ ਵਿਚ ਲੰਮੇ ਸਮੇਂ ਲਈ ਸਮਝੌਤਾ।
- ਭਾਰਤੀ ਹਵਾਈ ਫੌਜ ਦੀ ਸੂਰਿਆ ਕਿਰਨ ਟੀਮ ਦੇ ਚੰਡੀਗੜ੍ਹ ਵਿਚ ਦੋ ਦਿਨਾਂ ਏਅਰਸ਼ੋ ਦੀ ਸ਼ਾਨਦਾਰ ਸਮਾਪਤੀ।

- 19 ਵਾਂ IPL ਕ੍ਰਿਕੇਟ ਟੂਰਨਾਮੈਂਟ ਅੱਜ ਸ਼ਾਮ ਬੰਗਲੁਰੂ ਵਿੱਚ ਸ਼ੁਰੂ ਹੋ ਰਿਹਾ ਏ । ਉਦਘਾਟਨੀ ਮੈਚ ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੁਰੂ ਅਤੇ ਸਨਰਾਈਜ਼ਰਜ਼ ਹੈਦਰਾਬਾਦ ਦਰਮਿਆਨ ਹੋਏਗਾ ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਏ ਕਿ ਸੂਬੇ ਵਿੱਚ ਕਿਸੇ ਵੀ ਤਰ੍ਹਾਂ ਦੇ ਲਾਕਡਾਊਨ ਦੀ ਕੋਈ ਸੰਭਾਵਨਾ ਨਹੀਂ ਏ ਅਤੇ ਸਭ ਕੁਝ ਸੁਚਾਰੂ ਢੰਗ ਨਾਲ ਚੱਲ ਰਿਹਾ ਏ । ਅੱਜ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਜਨਤਾ ਨੂੰ ਭਰੋਸਾ ਦਿੱਤਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਏ । BYTE--

ਸੂਬੇ ਕੋਲ ਕਰੀਬ ਇੱਕ ਪੰਦਰਵਾੜੇ ਲਈ ਪੈਟਰੋਲ ਅਤੇ ਡੀਜ਼ਲ ਦਾ ਭੰਡਾਰ ਏ ਅਤੇ LPG ਦਾ ਵੀ ਛੇ ਦਿਨਾਂ ਦਾ ਭੰਡਾਰ ਏ, ਜੋ ਕਿ ਆਮ ਤੌਰ 'ਤੇ ਸਾਲ ਭਰ ਇੱਕੋ ਜਿਹਾ ਰਹਿੰਦਾ ਏ । ਉਨ੍ਹਾਂ ਕਿਹਾ ਕਿ ਇਹ ਸਟਾਕ ਬਰਕਰਾਰ ਏ ਅਤੇ ਸਪਲਾਈ ਬੇਰੋਕ ਜਾਰੀ ਏ ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਜਮ੍ਹਾਂਖੋਰੀ ਜਾਂ ਘਬਰਾਹਟ ਨਾਲ ਖਰੀਦਦਾਰੀ ਕਰਨ ਦੀ ਕੋਈ ਲੋੜ ਨਹੀਂ ਏ ਕਿਉਂਕਿ ਮੁੱਖ ਸਕੱਤਰ ਸਪਲਾਈ 'ਤੇ ਨੇੜਿਓਂ ਨਜ਼ਰ ਰੱਖ ਰਹੇ ਨੇ. BYTE

ਮੁੱਖ ਮੰਤਰੀ ਨੇ ਜਮ੍ਹਾਂਖੋਰਾਂ ਅਤੇ ਕਾਲਾ ਬਾਜ਼ਾਰੀਆਂ ਨੂੰ ਕਾਨੂੰਨੀ ਕਾਰਵਾਈ ਦੀ ਚੇਤਾਵਨੀ ਦਿੱਤੀ। ਸ੍ਰੀ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਏ ਕਿ ਖੇਤੀਬਾੜੀ ਅਤੇ ਸਨਅਤ, ਦੋਵਾਂ ਨੂੰ ਕਿਸੇ ਵੀ ਤਰ੍ਹਾਂ ਦਾ ਵਿਘਨ ਨਾ ਪਵੇ। LPG, ਪੈਟਰੋਲ ਅਤੇ ਡੀਜ਼ਲ ਨਾਲ ਸਬੰਧਤ ਮੁੱਦਿਆਂ ਲਈ ਇੱਕ ਹੈਲਪਲਾਈਨ ਨੰਬਰ **0-172-33-210-01** ਸ਼ੁਰੂ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਇਸ ਰੁਤ ਵਿੱਚ ਰਾਜ ਵਿੱਚ 140 ਲੱਖ ਮੀਟ੍ਰਿਕ ਟਨ ਕਣਕ ਪੈਦਾ ਹੋਣ ਦੀ ਉਮੀਦ ਏ ਅਤੇ ਭਾਰਤ ਸਰਕਾਰ ਨੂੰ ਪੈਟਰੋਲ, ਡੀਜ਼ਲ ਅਤੇ ਡੀਏਪੀ ਖਾਦ ਦੀ ਵਧੀ ਹੋਈ ਅਤੇ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਲਈ ਸੂਚਿਤ ਕੀਤਾ ਗਿਆ ਏ । ਉਨ੍ਹਾਂ ਨੇ ਕੇਂਦਰ ਵਲੋਂ ਈਂਧਨ ਦੀਆਂ ਕੀਮਤਾਂ 'ਤੇ ਚੁੱਕੇ ਗਏ ਕਦਮ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਭਾਰਤ

ਸਰਕਾਰ ਦਾ ਪੈਟਰੋਲ ਅਤੇ ਡੀਜ਼ਲ 'ਤੇ ਵਾਧੂ ਟੈਕਸ ਘਟਾਉਣ ਦਾ ਫੈਸਲਾ ਇੱਕ ਵਿਸ਼ਵਾਸ ਵਧਾਉਣ ਵਾਲਾ ਉਪਾਅ ਏ ।

-------------------------------------------------------

ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਉਘੇ ਕਾਂਗਰਸੀ  ਨੇਤਾ ਸ਼੍ਰੀ ਲਾਲ ਸਿੰਘ ਦਾ ਅੱਜ ਦੇਹਾਂਤ ਹੋ ਗਿਆ ਏ । ਓਹ 83 ਵਰਿਆਂ ਦੇ ਸਨ ।  ਉਨ੍ਹਾਂ ਨੇ Mohali ਦੇ ਇੱਕ  ਹਸਪਤਾਲ ਵਿੱਚ ਆਖਰੀ ਸਾਹ ਲਏ । ਉਹ ਕੁੱਝ ਸਮੇਂ ਤੋਂ ਬੀਮਾਰ ਸਨ ਅਤੇ ਹਸਪਤਾਲ 'ਚ ਜੈਰੈ ਇਲਾਜ ਸਨ । ਓਹਨਾਂ ਦਾ ਅੰਤਿਮ ਸਸਕਾਰ ਭਲਕੇ ਪਟਿਆਲਾ ਵਿਖੇ ਹੋਵੇਗਾ.।  ਵੱਖ ਵੱਖ ਸਿਆਸੀ ਪਾਰਟੀਆਂ ਦੇ ਨੇਤਾਵਾਂ ਨੇ ਓਹਨਾਂ ਦੀ ਮੌਤ ਤੇ ਅਫਸੋਸ ਜਤਾਇਆ ਏ ।

-------------------------------------------------------

ਰਾਸ਼ਟਰੀ ਸਿਹਤ ਮਿਸ਼ਨ (NHM) ਪੰਜਾਬ ਨੇ ਅੰਤਰਰਾਸ਼ਟਰੀ ਗੈਰ-ਸਰਕਾਰੀ ਸੰਸਥਾ ਜੇ ਐਚ ਪੀ ਆਈ ਜੀ ਓ ਨਾਲ ਜੱਚਾ-ਬੱਚਾ ਦੇਖਭਾਲ ਦੇ ਖੇਤਰ ਵਿਚ ਲੰਮੇ ਸਮੇਂ ਲਈ ਸਮਝੌਤਾ ਸਹੀਬੱਧ ਕੀਤਾ ਏ । ਇਸ ਸਮਝੌਤੇ 'ਤੇ ਪੰਜਾਬ ਦੇ ਸਿਹਤ ਅਤੇ

ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਕੱਤਰ ਸਿਹਤ ਅਤੇ ਪਰਿਵਾਰ ਭਲਾਈ ਕੁਮਾਰ ਰਾਹੁਲ ਅਤੇ ਜੇ ਐਚ ਪੀ ਆਈ ਜੀ ਓ ਦੇ ਕੰਟਰੀ ਡਾਇਰੈਕਟਰ ਡਾ. ਅਮਿਤ ਅਰੁਣ ਸ਼ਾਹ ਨੇ ਦਸਤਖਤ ਕੀਤੇ। ਇਸ ਸਮਝੌਤੇ ਬਾਰੇ ਜਾਣਕਾਰੀ ਦਿੰਦਿਆਂ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਭਾਈਵਾਲੀ, ਜਣੇਪਾ, ਨਵਜੰਮੇ ਤੇ ਛੋਟੇ ਬਚਿਆਂ, ਕਿਸ਼ੋਰ ਸਿਹਤ ਅਤੇ ਪੋਸ਼ਣ ਸੇਵਾਵਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਏ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਨਵੀਨਤਾ-ਅਧਾਰਿਤ ਜਨਤਕ ਸਿਹਤ ਸੁਧਾਰਾਂ ਅਤੇ ਪੰਜਾਬ ਨੂੰ ਡਿਜੀਟਲ ਸਿਹਤ ਵਿੱਚ ਮੋਹਰੀ ਸੂਬਾ ਬਣਾਉਣ ਪ੍ਰਤੀ ਵਚਨਬੱਧਤਾ ਮੁਤਾਬਿਕ ਏ. ਮੰਤਰੀ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਜੱਚਾ-ਬੱਚਾ ਸਿਹਤ ਸੰਭਾਲ ਨੂੰ ਬਿਹਤਰ ਬਣਾਉਣ ਲਈ ਤਕਨੀਕੀ ਸਹਾਇਤਾ ਵਿੱਚ ਵਾਧਾ ਕਰਨਾ ਏ। ਸਿਹਤ ਮੰਤਰੀ ਨੇ ਕਿਹਾ ਕਿ ਸੂਬੇ ਵੱਲੋਂ ਲਾਭਪਾਤਰੀ ਟਰੈਕਿੰਗ ਪ੍ਰਣਾਲੀਆਂ, ਆਈ ਓ ਟੀ ਸਮਰੱਥ ਡਿਵਾਈਸਾਂ ਅਤੇ ਲੇਬਰ ਰੂਮ ਨਿਗਰਾਨ ਉਪਾਵਾਂ ਸਮੇਤ ਮੁੱਖ ਡਿਜੀਟਲ ਸਿਹਤ

ਪਲੇਟਫਾਰਮਾਂ ਦੇ ਏਕੀਕਰਨ ਨੂੰ ਮਜ਼ਬੂਤ ਕੀਤਾ ਜਾਏਗਾ। ਇਸ ਨਾਲ ਗਰਭਵਤੀ ਔਰਤਾਂ ਅਤੇ ਨਵਜੰਮੇ ਬੱਚਿਆਂ ਦੀ ਅਸਲ-ਸਮੇਂ ਦੀ ਟਰੈਕਿੰਗ, ਉੱਚ-ਜੋਖਮ ਵਾਲੇ ਮਾਮਲਿਆਂ ਦੀ ਸ਼ੁਰੂਆਤੀ ਪੜਾਅ ‘ਤੇ ਪਛਾਣ ਅਤੇ ਸਮੇਂ ਸਿਰ ਡਾਕਟਰੀ ਦਖਲ ਨੂੰ ਯਕੀਨੀ ਬਣਾਇਆ ਜਾ ਸਕੇਗਾ।

--------------------------------------------------------

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਦੱਸਿਆ ਏ ਕਿ ਓਬਰਾਏ ਗਰੁੱਪ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਨੇ ਅੰਮ੍ਰਿਤਸਰ ਵਿੱਚ ਇੱਕ ਵਿਸ਼ਵ ਪੱਧਰੀ ਪ੍ਰਾਹੁਣਚਾਰੀ ਪ੍ਰੋਜੈਕਟ ਦੇ ਵਿਕਾਸ ਲਈ ਸਹਮਤੀ ਪੱਤਰ 'ਤੇ ਦਸਤਖਤ ਕੀਤੇ ਨੇ, ਜੋ ਪੰਜਾਬ ਦੇ ਸੈਰ-ਸਪਾਟਾ ਅਤੇ ਪ੍ਰਾਹੁਣਚਾਰੀ ਖੇਤਰ ਨੂੰ ਵੱਡਾ ਹੁਲਾਰਾ ਦੇਵੇਗਾ। ਇਸ ਸਮਝੌਤੇ 'ਤੇ ਦੋਵਾਂ ਧਿਰਾਂ ਦੇ ਸੀਨੀਅਰ ਪ੍ਰਤੀਨਿਧੀਆਂ ਦੀ ਮੌਜੂਦਗੀ ਵਿੱਚ ਦਸਤਖਤ ਕੀਤੇ ਗਏ, ਉਨ੍ਹਾਂ ਦੱਸਿਆ ਕਿ ਆਉਣ ਵਾਲਾ 150 ਕਮਰਿਆਂ ਵਾਲਾ ਪ੍ਰੋਜੈਕਟ ਓਬਰਾਏ ਗਰੁੱਪ ਦੇ ਟ੍ਰਾਈਡੈਂਟ ਬ੍ਰਾਂਡ ਤਹਿਤ ਵਿਕਸਤ ਕੀਤਾ ਜਾਵੇਗਾ ਅਤੇ ਇਹ ਅੰਮ੍ਰਿਤਸਰ-ਤਰਨ ਤਾਰਨ ਰੋਡ ਉੱਪਰ ਸ੍ਰੀ

ਹਰਿਮੰਦਰ ਸਾਹਿਬ ਤੋਂ ਲਗਭਗ 3 ਕਿਲੋਮੀਟਰ ਦੀ ਦੂਰੀ 'ਤੇ ਹੋਵੇਗਾ। ਉਨ੍ਹਾਂ ਦੱਸਿਆ ਕਿ 3 ਏਕੜ ਵਿੱਚ ਫੈਲੇ ਇਸ ਪ੍ਰੋਜੈਕਟ ਵਿੱਚ ਲਗਭਗ 400 ਕਰੋੜ ਰੁਪਏ ਦਾ ਨਿਵੇਸ਼ ਸ਼ਾਮਲ ਏ ਅਤੇ ਇਸ ਨਾਲ ਅੰਮ੍ਰਿਤਸਰ ਦੇ ਪ੍ਰੀਮੀਅਮ ਪ੍ਰਾਹੁਣਚਾਰੀ ਬੁਨਿਆਦੀ ਢਾਂਚੇ ਨੂੰ ਵੱਡੀ ਮਜ਼ਬੂਤੀ ਮਿਲਣ ਦੀ ਉਮੀਦ ਏ । ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਲਗਭਗ 350 ਵਿਅਕਤੀਆਂ ਲਈ ਰੋਜ਼ਗਾਰ ਪੈਦਾ ਹੋਣ ਦੀ ਉਮੀਦ ਏ , ਜਿਸ ਨਾਲ ਸਥਾਨਕ ਆਰਥਿਕ ਗਤੀਵਿਧੀਆਂ ਅਤੇ ਰੋਜ਼ਗਾਰ ਉਤਪਤੀ ਨੂੰ ਹੋਰ ਹੁਲਾਰਾ ਮਿਲੇਗਾ।

---------------------------------------------------

ਪੰਜਾਬ ਦੇ ਕੈਬਿਨੇਟ ਮੰਤਰੀ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਸ੍ਰੀ ਮੁਕਤਸਰ ਸਾਹਿਬ, ਦੇ ਲੰਬੀ ਹਲਕੇ ਦੇ ਪਿੰਡ ਸਰਾਵਾਂ ਬੋਦਲਾਂ ਵਿਖੇ ਸਥਿਤ ਸੀ.ਐਚ.ਸੀ. ਹਸਪਤਾਲ ਵਿੱਚ ਅੱਜ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਮੈਡੀਕਲ ਕੈਂਪ ਅਤੇ ਨਵੀਂ ਲੈਬ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਹਸਪਤਾਲ ਵਿੱਚ ਨਵੀਂ ਐਕਸ-ਰੇ ਮਸ਼ੀਨ ਵੀ ਲਿਆਂਦੀ ਗਈ ਏ , ਜਿਸ ਨਾਲ

ਮਰੀਜ਼ਾਂ ਨੂੰ ਤੁਰੰਤ ਅਤੇ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਿਹਤ ਅਤੇ ਸਿੱਖਿਆ ਖੇਤਰ ਵਿੱਚ ਸੁਧਾਰ ਲਿਆਉਣਾ ਏ। ਇਸਦੇ ਨਾਲ-ਨਾਲ ਸਰਕਾਰ ਵੱਲੋਂ ਹੋਰ ਖੇਤਰਾਂ ਵਿੱਚ ਵੀ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਗਏ ਨੇ.

-----------------------------------------------------------

ਭਾਰਤੀ ਹਵਾਈ ਫੌਜ ਦੀ ਸੂਰਿਆ ਕਿਰਨ ਏਅਰੋ-ਬੈਟਿਕ ਟੀਮ ਨੇ ਚੰਡੀਗੜ੍ਹ ਵਿਚ ਅੱਜ ਦੋ ਦਿਨਾਂ ਏਅਰਸ਼ੋ ਦੇ ਸਮਾਪਤੀ ਵਾਲੇ ਦਿਨ ਸੁਖਨਾ ਝੀਲ ਉੱਤੇ ਇੱਕ ਰੋਮਾਂਚਕ ਹਵਾਈ ਪ੍ਰਦਰਸ਼ਨ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ.। ਭਾਰਤੀ ਹਵਾਈ ਫੌਜ ਦੇ ਜੰਗੀ ਜਹਾਜ਼ਾਂ ਨੇ ਲੂਪ, ਬੈਰਲ ਰੋਲ, ਪੁਠੀ ਉਡਾਣ ਅਤੇ ਸਟੀਪ ਡਾਈਵਿੰਗ ਦਾ ਵਿਖਾਲਾ ਕੀਤਾ। ਹਵਾਈ ਜਹਾਜ਼ਾਂ ਨੇ ਅਸਮਾਨ ਵਿੱਚ ਤਿਰੰਗੇ ਦੇ ਰੰਗ ਦੀਆਂ ਧੂੰਏ ਦੀਆਂ ਲਕੀਰਾਂ ਬਣਾ ਕੇ ਸਾਰੇ ਮਾਹੌਲ ਨੂੰ ਦੇਸ਼ ਭਗਤੀ ਦੇ ਰੰਗ ਵਿਚ ਰੰਗ ਦਿੱਤਾ. ਦਰਸ਼ਕਾਂ ਨੇ ਦੇਸ਼ ਭਗਤੀ ਨਾਲ ਭਰੇ ਮਾਹੌਲ ਵਿੱਚ ਇਹਨਾਂ ਦਲੇਰ ਪਾਇਲਟਾਂ

ਦੀ ਹਿੰਮਤ ਦੀ ਸ਼ਲਾਘਾ ਕੀਤੀ । ਪੰਜਾਬ ਅਤੇ ਹਰਿਆਣਾ ਦੇ ਰਾਜਪਾਲ ਅਤੇ ਮੁੱਖ ਮੰਤਰੀ, ਪੰਜਾਬ ਅਤੇ ਹਰਿਆਣਾ ਹਾਈ-ਕੋਰਟ ਦੇ ਚੀਫ ਜਸਟਿਸ ਅਤੇ ਹੋਰ ਪਤਵੰਤੇ ਵੀ ਇਸ ਸ਼ੋਅ ਵਿੱਚ ਸ਼ਾਮਿਲ ਹੋਏ ।

-------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ ਦੇ "ਮਨ ਕੀ ਬਾਤ" ਪ੍ਰੋਗਰਾਮ ‘ਚ ਦੇਸ਼ – ਵਿਦੇਸ਼ ਵਿਚਲੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦਾ 132ਵਾਂ ਐਪੀਸੋਡ ਹੋਵੇਗਾ । ਇਹ ਪ੍ਰੋਗਰਾਮ ਪੂਰੇ ਆਕਾਸ਼ਵਾਣੀ ਅਤੇ ਦੂਰਦਰਸ਼ਨ ਨੈੱਟਵਰਕ, AIR  ਨਿਊਜ਼ ਵੈੱਬਸਾਈਟ ਅਤੇ ਨਿਊਜ਼ ਔਨ ਏਅਰ ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ । ਇਸਦਾ ਸਿੱਧਾ ਪ੍ਰਸਾਰਣ ਏਆਈਆਰ ਨਿਊਜ਼, ਡੀਡੀ ਨਿਊਜ਼, ਪ੍ਰਧਾਨ ਮੰਤਰੀ ਦਫ਼ਤਰ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਕੀਤਾ ਜਾਵੇਗਾ । ਹਿੰਦੀ ਪ੍ਰਸਾਰਣ ਤੋਂ

ਤੁਰੰਤ ਬਾਅਦ, ਆਕਾਸ਼ਵਾਣੀ ਇਸ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ ।

------------------------------------------------------------

ਕਪੂਰਥਲਾ ਪੁਲਿਸ ਵੱਲੋਂ ਧਮਕੀਆ ਦੇ ਕੇ ਫਿਰੋਤੀ ਦੀ ਮੰਗ ਕਰਨ ਅਤੇ ਫਾਇਰਿੰਗ ਕਰਨ ਵਾਲੇ ਗੈਂਗ ਦਾ ਪਰਦਾਫਾਸ਼ ਕਰਦਿਆਂ  ਜਿਲਾ ਤਰਨਤਾਰਨ ਦੀ ਪੁਲਿਸ ਦੀ ਮਦਦ ਨਾਲ ਤਿੰਨ ਗੁਰਗਿਆਂ ਨੂੰ ਕਾਬੂ ਕੀਤਾ ਗਿਆ ਏ । ਵਾਰਦਾਤ ਦੌਰਾਨ ਫਾਇਰ ਕਰਨ ਵਾਲਾ ਪਿਸਟਲ ਸਮੇਤ ਮੈਗਜ਼ੀਨ ਬ੍ਰਾਮਦ ਕੀਤਾ ਏ । ਸੀਨੀਅਰ ਪੁਲਿਸ ਕਪਤਾਨ, ਕਪੂਰਥਲਾ, ਗੌਰਵ ਤੂਰਾ ਵੱਲੋ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹਨਾਂ  3 ਵਿਅਕਤੀਆਂ ਵਿੱਚ 1 ਨਾ-ਬਲਿਗ ਵੀ ਸ਼ਾਮਿਲ ਏ ।

------------------------------------------------------------

19 ਵਾਂ IPL ਕ੍ਰਿਕੇਟ ਟੂਰਨਾਮੈਂਟ ਅੱਜ ਸ਼ਾਮ ਨੂੰ ਬੰਗਲੁਰੂ ਵਿੱਚ ਸ਼ੁਰੂ ਹੋਣ ਜਾ ਰਿਹਾ ਏ  । ਉਦਘਾਟਨੀ ਮੈਚ ਵਿੱਚ ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੁਰੂ  ਦਾ ਮੁਕਾਬਲਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਐਮ. ਚਿੰਨਾਸਵਾਮੀ ਸਟੇਡੀਅਮ ਵਿਖੇ ਹੋਏਗਾ. ਇਹ ਮੈਚ ਭਾਰਤੀ ਸਮੇਂ ਮੁਤਾਬਿਕ

ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ। ਦੋ ਮਹੀਨੇ ਚੱਲਣ ਵਾਲਾ ਇਹ ਟੂਰਨਾਮੈਂਟ 31 ਮਈ ਤੱਕ ਚੱਲੇਗਾ।

------------------------------------------------------

ਭਾਰਤੀ ਮੌਸਮ ਵਿਭਾਗ ਨੇ 29 ਅਤੇ 30 ਮਾਰਚ ਨੂੰ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ. ਵਿਭਾਗ ਵਲੋਂ ਕੁਝ ਥਾਵਾਂ 'ਤੇ ਗਰਜ, ਬਿਜਲੀ ਲਿਸ਼ਕਣ ਅਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਵੀ ਜਤਾਈ ਗਈ ਏ। ਮੌਸਮ ਵਿਭਾਗ ਨੇ ਦੋਵਾਂ ਰਾਜਾਂ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਦੋਵਾਂ ਦਿਨਾਂ ਲਈ ORANGE ALERT ਜਾਰੀ ਕੀਤਾ ਏ.। ਇਸ ਦੌਰਾਨ, ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਅੱਜ ਵੀ ਹਲਕੀ ਬਾਰਿਸ਼ ਹੋਈ।

------------------------------------------------------

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਏ ਕਿ ਸੂਬੇ ਵਿੱਚ ਲਾਕਡਾਊਨ ਦੀ ਕੋਈ ਸੰਭਾਵਨਾ ਨਹੀਂ ਏ. ਤੇਲ ਅਤੇ ਗੈਸ ਦੇ ਢੁਕਵੇਂ ਭੰਡਾਰ ਮੌਜੂਦ .

- ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਉਘੇ ਕਾਂਗਰਸੀ ਨੇਤਾ ਸ਼੍ਰੀ ਲਾਲ ਸਿੰਘ ਦਾ ਦੇਹਾਂਤ ਹੋ ਗਿਆ ਏ।
- ਰਾਸ਼ਟਰੀ ਸਿਹਤ ਮਿਸ਼ਨ ਪੰਜਾਬ ਤੇ ਇੱਕ ਅੰਤਰਰਾਸ਼ਟਰੀ ਗੈਰ-ਸਰਕਾਰੀ ਸੰਸਥਾ ਦਰਮਿਆਨ ਜੱਚਾ-ਬੱਚਾ ਦੇਖਭਾਲ ਖੇਤਰ ਵਿਚ ਲੰਮੇ ਸਮੇਂ ਲਈ ਸਮਝੌਤਾ.
- ਭਾਰਤੀ ਹਵਾਈ ਫੌਜ ਦੀ ਸੂਰਿਆ ਕਿਰਨ ਟੀਮ ਦੇ ਚੰਡੀਗੜ੍ਹ ਵਿਚ ਦੋ ਦਿਨਾਂ ਏਅਰਸ਼ੋ ਦੀ ਸ਼ਾਨਦਾਰ ਸਮਾਪਤੀ.
- 19 ਵਾਂ IPL ਕ੍ਰਿਕੇਟ ਟੂਰਨਾਮੈਂਟ ਅੱਜ ਸ਼ਾਮ ਬੰਗਲੁਰੂ ਵਿੱਚ ਸ਼ੁਰੂ ਹੋ ਰਿਹਾ ਏ। ਉਦਘਾਟਨੀ ਮੈਚ ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੁਰੂ ਅਤੇ ਸਨਰਾਈਜ਼ਰਜ਼ ਹੈਦਰਾਬਾਦ ਦਰਮਿਆਨ ਹੋਏਗਾ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਪ੍ਰਾਦੇਸ਼ਿਕ ਬੁਲੇਟਿਨ**

**ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ.**

# ਨਮਸ੍ਕਾਰ